# ਇਲਾਜ ਲਈ ਹਸਪਤਾਲ ਵਿੱਚ ਦਾਖ਼ਿਲ ਹੋਣਾ

(ਮੈਂਟਲ ਹੈਲਥ ਐਕਟ (ਮਾਨਸਿਕ ਸਿਹਤ ਬਾਰੇ ਕਾਨੂੰਨ) 1983 ਦਾ ਸੈਕਸ਼ਨ 3)

| | |
|---|---|
| 1. ਮਰੀਜ਼ ਦਾ ਨਾਂਅ | |
| 2. ਤੁਹਾਡੀ ਦੇਖਭਾਲ ਲਈ ਜ਼ਿੰਮੇਵਾਰ ਵਿਅਕਤੀ ਦਾ ਨਾਂਅ (ਤੁਹਾਡਾ "ਜ਼ਿੰਮੇਵਾਰ ਕਲਿੱਨੀਸ਼ੀਅਨ") | |
| 3. ਹਸਪਤਾਲ ਅਤੇ ਵਾਰਡ ਦਾ ਨਾਂਅ | |
| 4. ਹਸਪਤਾਲ ਵਿੱਚ ਸੈਕਸ਼ਨ 3 ਤਹਿਤ ਜ਼ਬਰਦਸਤੀ ਰੋਕਣ ਦੇ ਸ਼ੁਰੂ ਹੋਣ ਦੀ ਤਾਰੀਖ਼ | |

## ਮੈਂ ਹਸਪਤਾਲ ਵਿੱਚ ਕਿਉਂ ਹਾਂ ?

ਤੁਹਾਨੂੰ ਇਸ ਹਸਪਤਾਲ ਵਿੱਚ 1983 ਦੇ ਮੈਂਟਲ ਹੈਲਥ ਐਕਟ (ਮਾਨਸਿਕ ਸਿਹਤ ਬਾਰੇ ਕਾਨੂੰਨ) ਦੇ ਸੈਕਸ਼ਨ 3 ਤਹਿਤ, ਰੱਖਿਆ ਜਾ ਰਿਹਾ ਹੈ। ਇਸਦਾ ਇਹ ਮਤਲਬ ਹੈ, ਕਿ ਦੋ ਡਾਕਟਰ ਇਹ ਸੋਚਦੇ ਹਨ, ਕਿ ਤੁਹਾਨੂੰ ਕੋਈ ਮਾਨਸਿਕ ਗੜਬੜ ਹੈ ਅਤੇ ਤੁਹਾਨੂੰ ਹਸਪਤਾਲ ਵਿੱਚ ਰਹਿਣਾ ਚਾਹੀਦਾ ਹੈ, ਤਾਂ ਜੋ ਤੁਹਾਡੀ ਦੇਖਭਾਲ ਅਤੇ ਇਲਾਜ ਹੋ ਸਕੇ।

## ਮੈਨੂੰ ਇਥੇ ਕਿੰਨੀ ਦੇਰ ਰਹਿਣਾ ਪਏਗਾ ?

ਤੁਹਾਨੂੰ ਪਹਿਲਾਂ ਇਥੇ ਛੇ ਮਹੀਨਿਆਂ ਲਈ ਰੱਖਿਆ ਜਾਏਗਾ, ਤਾਂ ਜੋ ਤੁਹਾਡਾ ਉਹ ਇਲਾਜ ਕੀਤਾ ਜਾ ਸਕੇ ਜਿਸਦੀ ਤੁਹਾਨੂੰ ਜ਼ਰੂਰਤ ਹੈ।

ਤੁਹਾਡੇ ਇਸ ਸਮੇਂ ਦੌਰਾਨ ਉਦੋਂ ਤਕ ਇਥੋਂ ਨਹੀਂ ਜਾਣਾ ਚਾਹੀਦਾ, ਜਦ ਤਕ ਤੁਹਾਡੀ ਦੇਖਭਾਲ ਲਈ ਜ਼ਿੰਮੇਵਾਰ ਵਿਅਕਤੀ (ਤੁਹਾਡਾ ਜ਼ਿੰਮੇਵਾਰ ਕਲਿੱਨੀਸ਼ੀਅਨ) ਤੁਹਾਨੂੰ ਇਹ ਨਹੀਂ ਕਹਿੰਦਾ ਕਿ ਤੁਸੀਂ ਜਾ ਸਕਦੇ ਹੋ। ਜੇ ਤੁਸੀਂ ਜਾਣ ਦੀ ਕੋਸ਼ਿਸ਼ ਕਰੋਗੇ ਤਾਂ ਸਟਾਫ਼ ਤੁਹਾਨੂੰ ਰੋਕ ਸਕਦਾ ਹੈ ਅਤੇ ਜੇ ਤੁਸੀਂ ਚਲੇ ਜਾਂਦੇ ਹੋ ਤਾਂ ਤੁਹਾਨੂੰ ਵਾਪਸ ਲਿਆਇਆ ਜਾ ਸਕਦਾ ਹੈ।

## ਇਸਤੋਂ ਅੱਗੇ ਕੀ ਹੁੰਦਾ ਹੈ ?

ਜਦੋਂ ਉਹ ਸੋਚਣਗੇ ਕਿ ਤੁਸੀਂ ਹਸਪਤਾਲ ਛੱਡਣ ਲਈ ਕਾਫੀ ਠੀਕ ਹੋ ਗਏ ਹੋ, ਤੁਹਾਡਾ ਜ਼ਿੰਮੇਵਾਰ ਕਲਿੱਨੀਸ਼ੀਅਨ ਤੁਹਾਨੂੰ ਦੱਸ ਦੇਵੇਗਾ। ਜੇ ਤੁਹਾਡੇ ਜ਼ਿੰਮੇਵਾਰ ਕਲਿੱਨੀਸ਼ੀਅਨ ਦੀ ਰਾਇ ਹੈ, ਕਿ ਤੁਹਾਨੂੰ ਹਸਪਤਾਲ ਵਿੱਚ ਛੇ ਮਹੀਨਿਆਂ ਤੋਂ ਵੱਧ ਸਮੇਂ ਲਈ ਰਹਿਣ ਦੀ ਜ਼ਰੂਰਤ ਹੈ, ਤਾਂ ਉਹ ਨਵੇਂ ਸਿਰਿਉਂ ਇਹ ਕਹਿ ਸਕਦੇ ਹਨ ਕਿ ਤੁਹਾਨੂੰ ਹਸਪਤਾਲ ਵਿੱਚ ਹੋਰ ਛੇ ਮਹੀਨੇ ਰੱਖਿਆ ਜਾ ਸਕਦਾ ਹੈ, ਅਤੇ ਫਿਰ ਕਿਸੇ ਸਮੇਂ ਇੱਕ ਸਾਲ ਤਕ ਵੀ ਰੱਖੇ ਜਾਣ ਲਈ ਕਹਿ ਸਕਦੇ ਹਨ। ਤੁਹਾਡਾ ਜ਼ਿੰਮੇਵਾਰ ਕਲਿੱਨੀਸ਼ੀਅਨ ਹਰ ਮਿਆਦ ਦੇ ਅਖ਼ੀਰ ਵਿੱਚ ਤੁਹਾਡੇ ਨਾਲ ਇਸ ਬਾਰੇ ਗੱਲਬਾਤ ਕਰੇਗਾ।

## ਮੇਰਾ ਕਿਹੜਾ ਇਲਾਜ ਕੀਤਾ ਜਾਏਗਾ ?

ਤੁਹਾਡਾ ਜ਼ਿੰਮੇਵਾਰ ਕਲਿੱਨੀਸ਼ੀਅਨ ਅਤੇ ਸਟਾਫ਼ ਦੇ ਹੋਰ ਮੈਂਬਰ, ਜਿਸ ਇਲਾਜ ਬਾਰੇ ਵੀ ਸੋਚਣਗੇ, ਕਿ ਤੁਹਾਨੂੰ ਇਸ ਦੀ ਜ਼ਰੂਰਤ ਹੈ, ਉਸ ਬਾਰੇ ਤੁਹਾਡੇ ਨਾਲ ਗੱਲ ਕਰਨਗੇ। ਪਰ ਬਹੁਤੀ ਵਾਰ ਤੁਹਾਨੂੰ ਉਨ੍ਹਾਂ ਦੀ ਸਲਾਹ ਮੰਨਣੀ ਹੀ ਪਏਗੀ।

ਤਿੰਨ ਮਹੀਨਿਆਂ ਬਾਅਦ, ਤੁਹਾਨੂੰ ਤੁਹਾਡੇ ਮਾਨਸਿਕ ਵਿਕਾਰ ਬਾਰੇ ਜੋ ਦਵਾਈਆਂ ਜਾਂ ਡਰਗੱਸ ਦਿੱਤੀਆਂ ਜਾ ਰਹੀਆਂ ਹਨ, ਉਨ੍ਹਾਂ ਬਾਰੇ ਵਿਸ਼ੇਸ਼ ਨੇਮ ਹਨ। ਜੇ ਤੁਸੀਂ ਦਵਾਈਆਂ ਜਾਂ ਡਰੱਗਸ ਲੈਣਾ ਨਹੀਂ ਚਾਹੁੰਦੇ ਜਾਂ ਤੁਸੀਂ ਇਹ ਕਹਿਣ ਲਈ ਵੀ ਕਿ ਕੀ ਤੁਹਾਨੂੰ ਉਨ੍ਹਾਂ ਦਵਾਈਆਂ ਦੀ ਜ਼ਰੂਰਤ ਹੈ ਕਿ ਨਹੀਂ, ਬਹੁਤ ਬੀਮਾਰ ਹੋ, ਤਾਂ ਇੱਕ ਡਾਕਟਰ ਜੋ ਇਸ ਹਸਪਤਾਲ ਦਾ ਨਹੀਂ ਤੁਹਾਡੇ ਕੋਲ ਆਏਗਾ। ਉਹ ਖੁਦਮੁਖ਼ਤਾਰ ਡਾਕਟਰ ਤੁਹਾਡੇ ਅਤੇ ਹਸਪਤਾਲ ਦੇ ਸਟਾਫ਼ ਨਾਲ ਜੋ ਤੁਹਾਨੂੰ ਜਾਣਦੇ ਹਨ, ਨਾਲ ਗੱਲਬਾਤ ਕਰੇਗਾ। ਉਹ ਖੁਦਮੁਖ਼ਤਾਰ ਡਾਕਟਰ ਫੈਸਲਾ ਕਰੇਗਾ, ਕਿ ਤੁਹਾਨੂੰ ਕਿਹੜੀਆਂ ਦਵਾਈਆਂ ਅਤੇ ਡਰੱਗਸ ਦਿੱਤੀਆਂ ਜਾ ਸਕਦੀਆਂ ਹਨ। ਜਦ ਤਕ ਕੋਈ ਐਮਰਜੈਂਸੀ ਨਾ ਹੋਵੇ, ਤੁਹਾਨੂੰ ਤੁਹਾਡੀ ਸਹਿਮਤੀ ਬਿਨਾਂ ਸਿਰਫ ਉਹੀ ਦਵਾਈਆਂ ਅਤੇ ਡਰੱਗਸ ਤੁਹਾਨੂੰ ਦਿੱਤੀਆਂ ਜਾ ਸਕਦੀਆ ਹਨ।

ਇਸ ਖੁਦਮੁਖ਼ਤਾਰ ਡਾਕਟਰ ਨੂੰ SOAD (ਦੂਜੀ ਰਾਇ ਲਈ ਨਿਯੁਕਤ ਡਾਕਟਰ) ਕਿਹਾ ਜਾਂਦਾ ਹੈ ਅਤੇ ਉਸਨੂੰ ਇੱਕ ਸੁਤੰਤਰ ਕਮਿਸ਼ਨ, ਜੋ ਇਸ ਗੱਲ ਦੀ ਨਿਗਰਾਨੀ ਕਰਦਾ ਹੈ ਕਿ ਮੈਂਟਲ ਹੈਲਥ ਐਕਟ (ਮਾਨਸਿਕ ਸਿਹਤ ਬਾਰੇ ਕਾਨੂੰਨ) ਦਾ ਇਸਤੇਮਾਲ ਕਿਸ ਤਰ੍ਹਾਂ ਕੀਤਾ ਗਿਆ ਹੈ, ਵਲੋਂ ਨਿਯੁਕਤ ਕੀਤਾ ਗਿਆ ਹੈ।

ਕੁਝ ਵਿਸ਼ੇਸ਼ ਇਲਾਜਾਂ, ਜਿਵੇਂ ਕਿ ਇਲੈਕਟ੍ਰੋ-ਕਨਵਲਸਿਵ (ਬਿਜਲੀ ਦੇ ਜ਼ੋਰਦਾਰ ਝਟਕੇ) (ECT) ਥੈਰੇਪੀ ਲਈ ਵੱਖਰੇ ਨੇਮ ਹਨ। ਜੇ ਸਟਾਫ਼ ਇਹ ਸੋਚਦਾ ਹੈ, ਕਿ ਤੁਹਾਨੂੰ ਇਨ੍ਹਾਂ ਵਿਸ਼ੇਸ਼ ਇਲਾਜਾਂ ਵਿੱਚੋਂ ਇੱਕ ਦੀ ਜ਼ਰੂਰਤ ਹੈ ਤਾਂ ਤੁਹਾਨੂੰ ਨੇਮ ਸਮਝਾ ਦਿੱਤੇ ਜਾਣਗੇ ਅਤੇ ਤੁਹਾਨੂੰ ਕੋਈ ਹੋਰ ਲੀਫ਼ਲੈਟ (ਕਿਤਾਬਚੀ) ਦਿੱਤਾ ਜਾਏਗਾ।

## ਕੀ ਮੈਂ ਅਪੀਲ ਕਰ ਸਕਦਾ / ਸਕਦੀ ਹਾਂ ?

ਹਾਂ, ਤੁਸੀਂ ਸੈਕਸ਼ਨ 3 ਤਹਿਤ, ਤੁਹਾਨੂੰ ਹਸਪਤਾਲ ਵਿੱਚ ਰੱਖੇ ਜਾਣ ਦੇ ਫੈਸਲੇ ਖਿਲਾਫ਼ ਅਪੀਲ ਕਰ ਸਕਦੇ ਹੋ।

ਇਹ ਕਰਨ ਲਈ ਤੁਸੀਂ ਹਸਪਤਾਲ ਮੈਨੇਜਰਸ (Hospital Managers) ਨੂੰ ਕਹਿ ਸਕਦੇ ਹੋ, ਕਿ ਉਹ ਤਹਾਨੂੰ ਜਾਣ ਦੇਣ। ਤੁਸੀਂ ਇਹ ਕਿਸੇ ਸਮੇਂ ਵੀ ਕਰ ਸਕਦੇ ਹੋ। ਹਸਪਤਾਲ ਮੈਨੇਜਰਸ ਹਸਪਤਾਲ ਅੰਦਰ ਲੋਕਾਂ ਦੀ ਕਾਇਮ ਕੀਤੀ ਇੱਕ ਵਿਸ਼ੇਸ਼ ਕਮੇਟੀ ਨੂੰ ਕਹਿੰਦੇ ਹਨ ਜੋ ਇਹ ਫੈਸਲਾ ਕਰਦੇ ਹਨ, ਕਿ ਲੋਕਾਂ ਨੂੰ ਹਸਪਤਾਲ ਵਿੱਚ ਰੱਖਿਆ ਜਾਣਾ ਚਾਹੀਦਾ ਹੈ ਕਿ ਨਹੀਂ। ਉਹ ਇਹ ਫੈਸਲਾ ਕਰਨ ਤੋਂ ਪਹਿਲਾਂ ਕਿ ਤੁਹਾਨੂੰ ਜਾਣ ਦੇਣ ਕਿ ਨਾ, ਤੁਹਾਡੇ ਨਾਲ ਗੱਲ ਕਰਨੀ ਚਾਹੁਣਗੇ।

ਤੁਸੀਂ ਹਸਪਤਾਲ ਮੈਨੇਜਰਸ ਨੂੰ ਹੇਠਾਂ ਦਿੱਤੇ ਪਤੇ ਤੇ ਲਿਖ ਸਕਦੇ ਹੋ :

ਜਾਂ ਤੁਸੀਂ ਸਟਾਫ਼ ਦੇ ਕਿਸੇ ਮੈਂਬਰ ਨੂੰ ਹਸਪਤਾਲ ਮੈਨੇਜਰਸ ਨਾਲ ਸੰਪਰਕ ਕਰਨ ਵਿੱਚ ਸਹਾਇਤਾ ਕਰਨ ਲਈ ਕਹਿ ਸਕਦੇ ਹੋ।

ਤੁਹਾਡਾ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਵੀ ਹਸਪਤਾਲ ਮੈਨੇਜਰਸ ਨੂੰ ਇਹ ਕਹਿਣ ਲਈ ਕਿ ਉਹ ਚਾਹੁੰਦੇ ਹਨ, ਕਿ ਤੁਹਾਨੂੰ ਹਸਤਪਾਲ ਤੋਂ ਜਾਣ ਦੀ ਆਗਿਆ ਦਿੱਤੀ ਜਾਏ, ਲਿਖ ਸਕਦਾ ਹੈ। ਇਸ ਲੀਫ਼ਲੈਟ ਵਿੱਚ ਇਹ ਵੀ ਸਮਝਾਇਆ ਗਿਆ ਹੈ, ਕਿ ਤੁਹਾਡਾ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਕੌਣ ਹੈ। ਜੇ ਤੁਹਾਡਾ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਇਹ ਕਾਰਵਾਈ ਕਰਦਾ ਹੈ ਤਾਂ

ਜਦ ਤਕ ਤੁਹਾਡਾ ਜ਼ਿੰਮੇਵਾਰ ਕਲਿੱਨੀਸ਼ੀਅਨ ਉਨ੍ਹਾਂ ਨੂੰ ਇਹ ਨਹੀਂ ਕਹਿੰਦਾ ਕਿ ਜੇ ਤੁਹਾਨੂੰ ਹਸਪਤਾਲ ਛੱਡਣ ਦੀ ਆਗਿਆ ਦਿੱਤੀ ਗਈ ਤਾਂ ਤੁਸੀਂ ਆਪਣੇ ਆਪ ਲਈ ਜਾਂ ਹੋਰ ਲੋਕਾਂ ਲਈ ਖ਼ਤਰਾ ਬਣ ਸਕਦੇ ਹੋ, ਉਦੋਂ ਤਕ ਹਸਪਤਾਲ ਮੈਨੇਜਰਸ ਨੂੰ ਤੁਹਾਨੂੰ 72 ਘੰਟਿਆਂ ਦੇ ਅੰਦਰ ਅੰਦਰ ਹਸਪਤਾਲ ਤੋਂ ਬਾਹਰ ਕਰਨਾ ਜ਼ਰੂਰੀ ਹੁੰਦਾ ਹੈ। ਜੇ ਅਜਿਹਾ ਹੁੰਦਾ ਹੈ ਤਾਂ ਫਿਰ ਇਸਤੋਂ ਛੇ ਮਹੀਨੇ ਬਾਅਦ ਹੀ ਜੇ ਤੁਸੀਂ ਉਦੋਂ ਹਸਪਤਾਲ ਵਿੱਚ ਹੋਏ, ਤਾਂ ਤੁਹਾਡਾ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਹਸਪਤਾਲ ਮੈਨੇਜਰਸ ਨੂੰ ਇਹ ਕਹਿ ਸਕੇਗਾ ਕਿ ਉਹ ਚਾਹੁੰਦੇ ਹਨ ਕਿ ਤੁਸੀਂ ਹਸਪਤਾਲ ਤੋਂ ਬਾਹਰ ਆ ਜਾਉ।

ਤੁਸੀਂ ਇੱਕ ਟ੍ਰਿਬਿਉਨਲ ਨੂੰ ਵੀ ਇਹ ਕਹਿਣ ਲਈ ਕਹਿ ਸਕਦੇ ਹੋ, ਤੁਹਾਨੂੰ ਹਸਪਤਾਲ ਵਿੱਚ ਹੋਰ ਸਮੇਂ ਲਈ ਨਾ ਰੱਖਿਆ ਜਾਏ।

## ਇੱਕ ਟ੍ਰਿਬਿਉਨਲ ਕੀ ਹੈ ਅਤੇ ਇਸ ਵਿੱਚ ਕੀ ਹੁੰਦਾ ਹੈ ?

ਟ੍ਰਿਬਿਉਨਲ ਇੱਕ ਸੁਤੰਤਰ ਪੈਨਲ (ਵਿਸ਼ੇਸ਼ ਅਦਾਲਤ) ਹੈ, ਜੋ ਇਹ ਫੈਸਲਾ ਕਰ ਸਕਦੀ ਹੈ, ਕਿ ਕੀ ਤੁਹਾਨੂੰ ਹਸਪਤਾਲ ਤੋਂ ਜਾਣ ਦੀ ਆਗਿਆ ਦਿੱਤੀ ਜਾਣੀ ਚਾਹੀਦੀ ਹੈ ਕਿ ਨਹੀਂ। ਇਹ ਤੁਹਾਡੇ ਨਾਲ ਅਤੇ ਹਸਪਤਾਲ ਦੇ ਸਟਾਫ਼ ਜੋ ਤੁਹਾਨੂੰ ਜਾਣਦਾ ਹੈ ਨਾਲ ਇੱਕ ਮੀਟਿੰਗ ਕਰੇਗੀ। ਇਸ ਮੀਟਿੰਗ ਨੂੰ "ਸੁਣਵਾਈ" ਕਿਹਾ ਜਾਂਦਾ ਹੈ। ਜੇ ਤੁਸੀਂ ਚਾਹੁੰਦੇ ਹੋ ਤਾਂ ਕਿਸੇ ਹੋਰ ਨੂੰ ਵੀ ਸੁਣਵਾਈ ਦੌਰਾਨ ਆਪਣੀ ਸਹਾਇਤਾ ਲਈ ਆਉਣ ਲਈ ਕਹਿ ਸਕਦੇ ਹੋ। ਸੁਣਵਾਈ ਤੋਂ ਪਹਿਲਾਂ, ਟ੍ਰਿਬਿਉਨਲ ਦੇ ਮੈਂਬਰ ਤੁਹਾਡੇ ਬਾਰੇ ਅਤੇ ਤੁਹਾਡੀ ਦੇਖਭਾਲ ਬਾਰੇ ਹਸਪਤਾਲ ਦੀਆਂ ਰਿਪੋਰਟਾਂ ਪੜ੍ਹਨਗੇ। ਟ੍ਰਿਬਿਉਨਲ ਦਾ ਇੱਕ ਮੈਂਬਰ ਤੁਹਾਡੇ ਕੋਲ ਗੱਲਬਾਤ ਕਰਨ ਲਈ ਵੀ ਆਏਗਾ।

## ਮੈਂ ਟ੍ਰਿਬਿਉਨਲ ਕੋਲ ਕਦੋਂ ਅਰਜ਼ੀ ਦੇ ਸਕਦਾ / ਸਕਦੀ ਹਾਂ ?

ਜਦੋਂ ਤੁਸੀਂ ਹਸਪਤਾਲ ਵਿੱਚ ਸੈਕਸ਼ਨ 3 ਤਹਿਤ ਹਸਪਤਾਲ ਵਿੱਚ ਰਖੇ ਜਾਂਦੇ ਹੋ ਤਾਂ ਤੁਸੀਂ ਪਹਿਲੇ ਛੇ ਮਹੀਨਿਆਂ ਵਿੱਚ ਕਿਸੇ ਸਮੇਂ ਵੀ ਟ੍ਰਿਬਿਉਨਲ ਨੂੰ ਅਰਜ਼ੀ ਦੇ ਸਕਦੇ ਹੋ। ਉਸਤੋਂ ਬਾਅਦ ਦੂਜੇ ਛੇ ਮਹੀਨਿਆਂ ਦੌਰਾਨ ਤੁਸੀਂ ਕਿਸੇ ਵੀ ਸਮੇਂ ਇੱਕ ਵਾਰ ਅਰਜ਼ੀ ਦੇ ਸਕਦੇ ਹੋ ਅਤੇ ਇਸਤੋਂ ਬਾਅਦ ਜਿੰਨੀ ਦੇਰ ਤੁਹਾਨੂੰ ਹਸਪਤਾਲ ਵਿੱਚ ਰੱਖਿਆ ਜਾਂਦਾ ਹੈ, ਹਰ ਸਾਲ ਸਿਰਫ ਇੱਕ ਵਾਰ ਅਰਜ਼ੀ ਦੇ ਸਕਦੇ ਹੋ।

ਜੇ ਤੁਹਾਡੇ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਨੇ ਹਸਪਤਾਲ ਮੈਨੇਜ਼ਰਸ ਨੂੰ ਇਹ ਦੱਸਿਆ ਹੈ, ਕਿ ਉਹ ਚਾਹੁੰਦੇ ਹਨ, ਕਿ ਤੁਹਾਨੂੰ ਹਸਪਤਾਲ ਤੋਂ ਬਾਹਰ ਆਉਣ ਦੀ ਆਗਿਆ ਦਿੱਤੀ ਜਾਏ, ਪਰ ਤੁਹਾਡੇ ਜ਼ਿੰਮੇਵਾਰ ਕਲਿੱਨੀਸ਼ੀਅਨ ਨੇ ਕਿਹਾ ਸੀ ਕਿ ਤੁਹਾਨੂੰ ਹਸਪਤਾਲ ਤੋਂ ਬਾਹਰ ਆਉਣ ਦੀ ਆਗਿਆ ਨਹੀਂ ਦਿੱਤੀ ਗਈ, ਤਾਂ ਤੁਹਾਡਾ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਟ੍ਰਿਬਿਉਨਲ ਨੂੰ ਅਰਜ਼ੀ ਦੇ ਸਕਦਾ / ਸਕਦੀ ਹੈ। ਤੁਹਾਡੇ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਨੂੰ ਇਹ ਦੱਸੇ ਜਾਣ ਤੇ ਕਿ ਤੁਹਾਡੇ ਜ਼ਿੰਮੇਵਾਰ ਕਲਿੱਨੀਸ਼ੀਅਨ ਦੀ ਰਾਇ ਵਿੱਚ ਤੁਹਾਨੂੰ ਹਸਪਤਾਲ ਨੂੰ ਛੱਡਣ ਦੀ ਆਗਿਆ ਨਹੀਂ ਦਿੱਤੀ ਜਾਣੀ ਚਾਹੀਦੀ, 28 ਘੰਟਿਆਂ ਦੇ ਅੰਦਰ ਇਹ ਕਾਰਵਾਈ ਕਰਨੀ ਜ਼ਰੂਰੀ ਹੈ।

ਜੇ ਤੁਸੀਂ ਟ੍ਰਿਬਿਉਨਲ ਨੂੰ ਅਰਜ਼ੀ ਦੇਣਾ ਚਾਹੁੰਦੇ ਹੋ ਤਾਂ ਤੁਸੀਂ ਹੇਠਾਂ ਦੱਸੇ ਤੇ ਲਿਖ ਸਕਦੇ ਹੋ :

The Tribunals Service<br>
PO BOX 8793<br>
5th Floor<br>
Leicester<br>
LE1 8BN ਟੈਲੀਫ਼ੋਨ : 0300 123 2201

ਤਸੀਂ ਇੱਕ ਵਕੀਲ ਨੂੰ ਤੁਹਾਡੇ ਲਈ ਟ੍ਰਿਬਿਉਨਲ ਨੂੰ ਲਿਖਣ ਲਈ ਅਤੇ ਸੁਣਵਾਈ ਦੌਰਾਨ ਤੁਹਾਡੀ ਸਹਾਇਤਾ ਕਰਨ ਲਈ ਕਹਿ ਸਕਦੇ ਹੋ। ਹਸਪਤਾਲ ਅਤੇ ਲਾਅ ਸੁਸਾਇਟੀ ਕੋਲ ਉਨ੍ਹਾਂ ਵਕੀਲਾਂ ਦੀ ਇੱਕ ਸੂਚੀ ਹੈ, ਜੋ ਇਸ ਬਾਰੇ ਵਿਸ਼ੇਸ਼ੱਗ ਹਨ।

ਤੁਹਾਨੂੰ ਇਸ ਕੰਮ ਲਈ ਵਕੀਲ ਤੋਂ ਲਈ ਸਹਾਇਤਾ ਲਈ ਕੋਈ ਰਕਮ ਅਦਾ ਨਹੀਂ ਕਰਨੀ ਪਏਗੀ। ਇਹ ਕਾਨੂੰਨੀ ਸਹਾਇਤਾ ਸਕੀਮ (Legal Aid scheme) ਤਹਿਤ ਮੁਫ਼ਤ ਹੈ।

## ਆਪਣੇ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਨੂੰ ਖ਼ਬਰ ਦੇਣੀ

ਇਸ ਲੀਫ਼ਲੈਟ ਦੀ ਇੱਕ ਕਾਪੀ ਉਸ ਵਿਅਕਤੀ ਨੂੰ ਦਿੱਤੀ ਜਾਏਗੀ, ਜਿਸ ਬਾਰੇ ਮੈਂਟਲ ਹੈਲਥ ਐਕਟ (ਮਾਨਸਿਕ ਸਿਹਤ ਬਾਰੇ ਕਾਨੂੰਨ) ਕਹੇਗਾ, ਕਿ ਉਹ ਤੁਹਾਡਾ ਸਭ ਤੋਂ ਵੱਧ ਨਜ਼ਦੀਕੀ ਰਿਸ਼ਤੇਦਾਰ ਹੈ।

ਮੈਂਟਲ ਹੈਲਥ ਐਕਟ (ਮਾਨਸਿਕ ਸਿਹਤ ਬਾਰੇ ਕਾਨੂੰਨ) ਵਿੱਚ ਉਨ੍ਹਾਂ ਲੋਕਾਂ ਦੀ ਸੂਚੀ ਹੈ, ਜਿਨ੍ਹਾਂ ਨੂੰ ਰਿਸ਼ਤੇਦਾਰ ਸਮਝਿਆ ਜਾਂਦਾ ਹੈ। ਆਮ ਤੌਰ ਤੇ ਸੂਚੀ ਵਿੱਚ ਸਭ ਤੋਂ ਉੱਪਰ ਉਹ ਵਿਅਕਤੀ ਹੁੰਦਾ ਹੈ, ਜੋ ਤੁਹਾਡਾ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਹੈ। ਹਸਪਤਾਲ ਸਟਾਫ਼ ਤੁਹਾਨੂੰ ਇੱਕ ਲੀਫ਼ਲੈਟ ਦੇਂਦਾ ਹੈ, ਜਿਸ ਵਿੱਚ ਇਸ ਅਤੇ ਇਹ ਕਿ ਤੁਹਾਡੀ ਦੇਖਭਾਲ ਅਤੇ ਇਲਾਜ ਦੇ ਸੰਬੰਧ ਵਿੱਚ ਤੁਹਾਡੇ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਦੇ ਕੀ ਅਧਿਕਾਰ ਹਨ, ਬਾਰੇ ਦੱਸਿਆ ਗਿਆ ਹੈ।
ਤੁਹਾਡੇ ਕੇਸ ਵਿੱਚ ਸਾਨੂੰ ਦੱਸਿਆ ਗਿਆ ਹੈ, ਕਿ ਤੁਹਾਡਾ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਹੈ :

| |
|---|
| |

ਜੇ ਤੁਸੀਂ ਨਹੀਂ ਚਾਹੁੰਦੇ ਕਿ ਇਸ ਵਿਅਕਤੀ ਨੂੰ ਇਸ ਲੀਫ਼ਲੈਟ ਦੀ ਇੱਕ ਕਾਪੀ ਮਿਲੇ ਤਾਂ ਕਿਰਪਾ ਕਰਕੇ ਆਪਣੀ ਨਰਸ ਜਾਂ ਸਟਾਫ਼ ਦੇ ਕਿਸੇ ਹੋਰ ਮੈਂਬਰ ਨੂੰ ਦੱਸੋ।

## ਆਪਣੇ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਨੂੰ ਬਦਲਣਾ

ਜੇ ਤਸੁੀਂ ਸੋਚਦੇ ਹੋ, ਕਿ ਇਹ ਵਿਅਕਤੀ ਤੁਹਾਡੇ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਵਜੋਂ ਉਚਿਤ ਨਹੀਂ ਤਾਂ ਤੁਸੀਂ ਕਾਉਂਟੀ ਕੋਰਟ ਕੋਲ ਉਸਦੀ ਬਜਾਏ, ਕਿਸੇ ਹੋਰ ਵਿਅਕਤੀ ਨੂੰ ਸਭ ਤੋਂ ਵੱਧ ਨਜ਼ਦੀਕੀ ਰਿਸ਼ਤੇਦਾਰ ਮੰਨਣ ਲਈ ਅਰਜ਼ੀ ਦੇ ਸਕਦੇ ਹੋ। ਹਸਪਤਾਲ ਦਾ ਸਟਾਫ਼ ਤੁਹਾਨੂੰ ਇੱਕ ਲੀਫ਼ਲੈਟ ਦੇ ਸਕਦਾ ਹੈ, ਜਿਸ ਵਿੱਚ ਇਹ ਗੱਲ ਖੋਲ੍ਹ ਕੇ ਦੱਸੀ ਗਈ ਹੈ।

## ਤੁਹਾਡੀਆਂ ਚਿੱਠੀਆਂ

ਜਦੋਂ ਤੁਸੀਂ ਹਸਪਤਾਲ ਵਿੱਚ ਹੋ, ਤੁਹਾਨੂੰ ਭੇਜੀਆਂ ਗਈਆਂ ਸਭ ਚਿੱਠੀਆਂ ਤੁਹਾਨੂੰ ਦਿੱਤੀਆਂ ਜਾਣਗੀਆਂ। ਤੁਸੀਂ ਸਿਵਾਏ ਉਨ੍ਹਾਂ ਦੇ ਜਿਨ੍ਹਾਂ ਨੇ ਕਿਹਾ ਹੈ ਕਿ ਉਹ ਤੁਹਾਡੇ ਵਲੋਂ ਚਿੱਠੀਆਂ ਨਹੀਂ ਚਾਹੁੰਦੇ, ਕਿਸੇ ਨੂੰ ਵੀ ਚਿੱਠੀਆਂ ਭੇਜ ਸਕਦੇ ਹੋ। ਹਸਪਤਾਲ ਦਾ ਸਟਾਫ਼ ਇਨ੍ਹਾਂ ਲੋਕਾਂ ਨੂੰ ਚਿੱਠੀ ਲਿਖਣਾ ਬੰਦ ਵੀ ਕਰ ਸਕਦਾ ਹੈ।

## ਪ੍ਰੈਕਟਸ ਦਾ ਜ਼ਾਬਤਾ

ਪ੍ਰੈਕਟਸ ਦਾ ਇੱਕ ਜ਼ਾਬਤਾ ਹੈ, ਜਿਸ ਨਾਲ ਮੈਂਟਲ ਹੈਲਥ ਐਕਟ (ਮਾਨਸਿਕ ਸਿਹਤ ਬਾਰੇ ਕਾਨੂੰਨ) ਅਤੇ ਮਾਨਸਿਕ ਗੜਬੜੀ ਵਾਲੇ ਲੋਕਾਂ ਦੇ ਇਲਾਜ ਕਰਨ ਬਾਰੇ ਹਸਪਤਾਲ ਦੇ ਸਟਾਫ਼ ਨੂੰ ਸਲਾਹ ਦਿੱਤੀ ਜਾਂਦੀ ਹੈ। ਸਟਾਫ਼ ਜਦੋਂ ਤੁਹਾਡੀ ਦੇਖਭਾਲ ਬਾਰੇ ਫੈਸਲੇ ਕਰਦਾ ਹੈ, ਤਾਂ ਉਨ੍ਹਾਂ ਨੂੰ ਇਹ ਵੇਖਣਾ ਪੈਂਦਾ ਹੈ ਕਿ ਜ਼ਾਬਤਾ ਇਸ ਬਾਰੇ ਕੀ ਕਹਿੰਦਾ ਹੈ। ਜੇ ਤੁਸੀਂ ਚਾਹੋ ਤਾਂ ਤੁਸੀਂ ਇਸ ਦੀ ਇੱਕ ਕਾਪੀ ਵੇਖ ਸਕਦੇ ਹੋ।

## ਮੈਂ ਸ਼ਿਕਾਇਤ ਕਿਸ ਤਰ੍ਹਾਂ ਕਰਾਂ ?

ਜੇ ਤੁਸੀਂ ਹਸਪਤਾਲ ਵਿੱਚ ਹੋ ਰਹੀ ਆਪਣੀ ਦੇਖਭਾਲ ਅਤੇ ਇਲਾਜ ਸੰਬੰਧੀ ਕਿਸੇ ਗੱਲ ਬਾਰੇ ਸ਼ਿਕਾਇਤ ਕਰਨੀ ਚਾਹੁੰਦੇ ਹੋ ਤਾਂ ਸਟਾਫ਼ ਦੇ ਕਿਸੇ ਮੈਂਬਰ ਨਾਲ ਗੱਲ ਕਰੋ। ਹੋ ਸਕਦਾ ਹੈ, ਕਿ ਉਹ ਮਾਮਲੇ ਨੂੰ ਸੁਲਝਾ ਲੈਣ। ਉਹ ਤੁਹਾਨੂੰ ਹਸਪਤਾਲ ਦੇ ਸ਼ਿਕਾਇਤ ਕਰਨ ਦੇ ਅਮਲ ਬਾਰੇ ਵੀ ਜਾਣਕਾਰੀ ਦੇ ਸਕਦੇ ਹਨ, ਤੁਸੀਂ ਆਪਣੀ ਸ਼ਿਕਾਇਤ ਨੂੰ ਸੁਲਝਾਣ ਲਈ, ਜਿਸਨੂੰ ਸਥਾਨਕ ਮਤਾ ਕਹਿੰਦੇ ਹਨ, ਰਾਹੀਂ ਇਸਤੇਮਾਲ ਕਰਨ ਦੀ ਕੋਸ਼ਿਸ਼ ਕਰ ਸਕਦੇ ਹੋ। ਉਹ ਤੁਹਾਨੂੰ ਉਨ੍ਹਾਂ ਹੋਰ ਲੋਕਾਂ ਬਾਰੇ ਵੀ ਦੱਸ ਸਕਦੇ ਹਨ, ਜੋ ਤੁਹਾਨੂੰ ਸ਼ਿਕਾਇਤ ਕਰਨ ਵਿੱਚ ਸਹਾਇਤਾ ਕਰ ਸਕਦੇ ਹਨ।

ਜੇ ਤੁਸੀਂ ਮਹਸੂਸ ਕਰਦੇ ਹੋ, ਕਿ ਹਸਪਤਾਲ ਦਾ ਸ਼ਿਕਾਇਤਾਂ ਦਾ ਅਮਲ ਤੁਹਾਡੀ ਸਹਾਇਤਾ ਨਹੀਂ ਕਰ ਸਕਦਾ ਤਾਂ ਤੁਸੀਂ ਇੱਕ ਸੁਤੰਤਰ ਕਮਿਸ਼ਨ ਕੋਲ ਵੀ ਸ਼ਿਕਾਇਤ ਕਰ ਸਕਦੇ ਹੋ। ਕਮਿਸ਼ਨ ਇਹ ਯਕੀਨੀ ਬਣਾਉਣ ਲਈ ਕਿ ਮੈਂਟਲ ਹੈਲਥ ਐਕਟ (ਮਾਨਸਿਕ ਸਿਹਤ ਬਾਰੇ ਕਾਨੂੰਨ) ਦਾ ਇਸਤੇਮਾਲ ਠੀਕ ਤਰ੍ਹਾਂ ਨਾਲ ਹੋਵੇ ਅਤੇ ਮਰੀਜ਼ ਜਿੰਨੀ ਦੇਰ ਹਸਪਤਾਲ ਵਿੱਚ ਹੋਣ ਉਨ੍ਹਾਂ ਦੀ ਦੇਖਭਾਲ ਸਹੀ ਢੰਗ ਨਾਲ ਹੋਵੇ, ਇਹ ਨਿਗਰਾਨੀ ਕਰਦਾ ਹੈ, ਕਿ ਮਾਨਸਿਕ ਸਿਹਤ ਬਾਰੇ ਕਾਨੂੰਨ ਦਾ ਇਸਤੇਮਾਲ ਕਿਸ ਤਰ੍ਹਾਂ ਕੀਤਾ ਜਾਂਦਾ ਹੈ। ਹਸਪਤਾਲ ਦਾ ਸਟਾਫ਼ ਤੁਹਾਨੂੰ ਇੱਕ ਲੀਫ਼ਲੈਟ ਦੇ ਸਕਦੇ ਹਨ, ਜਿਸ ਵਿੱਚ ਦੱਸਿਆ ਗਿਆ ਹੈ, ਕਿ ਕਮਿਸ਼ਨ ਨਾਲ ਸੰਪਰਕ ਕਿਵੇਂ ਕਰਨਾ ਹੈ।

### ਹੋਰ ਵੱਧ ਸਹਾਇਤਾ ਲਈ ਜਾਣਕਾਰੀ

ਜੇ ਤੁਹਾਡੀ ਦੇਖਭਾਲ ਅਤੇ ਇਲਾਜ ਬਾਰੇ ਕੋਈ ਅਜਿਹੀ ਗੱਲ ਹੈ, ਜੋ ਤੁਹਾਨੂੰ ਸਮਝ ਨਹੀਂ ਆ ਰਹੀ ਤਾਂ ਸਟਾਫ਼ ਦਾ ਇੱਕ ਮੈਂਬਰ ਤੁਹਾਡੀ ਸਹਾਇਤਾ ਕਰਨ ਦੀ ਕੋਸ਼ਿਸ਼ ਕਰੇਗਾ। ਜੇ ਇਸ ਲੀਫ਼ਲੈਟ ਵਿੱਚ ਕੁਝ ਅਜਿਹਾ ਹੋਵੇ, ਜੋ ਤੁਹਾਡੀ ਸਮਝ ਵਿੱਚ ਨਹੀਂ ਆ ਰਿਹਾ ਜਾਂ ਤੁਹਾਡੇ ਕੋਈ ਹੋਰ ਸਵਾਲ ਹਨ, ਜਿਨ੍ਹਾਂ ਦੇ ਜਵਾਬ ਇਸ ਲੀਫ਼ਲੈਟ ਵਿੱਚ ਨਹੀਂ ਦਿੱਤੇ ਗਏ, ਤਾਂ ਕਿਰਪਾ ਕਰਕੇ ਸਟਾਫ਼ ਦੇ ਇੱਕ ਮੈਂਬਰ ਨੂੰ ਸਮਝਾਉਣ ਲਈ ਕਹੋ।

ਜੇ ਤੁਹਾਨੂੰ ਲੀਫ਼ਲੈਟ ਦੀ ਇੱਕ ਹੋਰ ਕਾਪੀ ਕਿਸੇ ਹੋਰ ਲਈ ਚਾਹੀਦੀ ਹੋਵੇ, ਤਾਂ ਕਿਰਪਾ ਕਰਕੇ ਕੇ ਉਸ ਲਈ ਕਹੋ।